# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :23-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵ-ਨਿਯੁਕਤ ਨੌਜਵਾਨਾਂ ਨੂੰ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡੇ ।
- ਪੰਜਾਬ ਵਿੱਚ, ਰੋਜ਼ਗਾਰ ਮੇਲੇ ਦੌਰਾਨ ਰੇਲ ਕੋਚ ਫੈਕਟਰੀ, ਕਪੂਰਥਲਾ 'ਚ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਅਤੇ ਪਟਿਆਲਾ ਲੋਕੋਮੋਟਿਵ ਵਰਕਸ, 'ਚ ਮੁੱਖ ਪ੍ਰਸ਼ਾਸਕੀ ਅਧਿਕਾਰੀ ਨੇ ਨਵ-ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ।
- ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਵਲੋਂ 11ਵੇਂ ਕਨਵੋਕੇਸ਼ਨ ਸਮਾਰੋਹ ਦਾ ਆਯੋਜਨ-ਚੀਫ਼ ਜਸਟਿਸ ਸੂਰਿਆ ਕਾਂਤ ਨੇ ਵਿਦਿਆਰਥੀਆਂ ਨੂੰ ਪ੍ਰਗਤੀਸ਼ੀਲ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਕੀਤਾ ਪ੍ਰੇਰਿਤ ।

- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸਿਵਲ ਸਰਜਨਾਂ ਨੂੰ ਗਰਮੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਲਈ ਤਿਆਰ ਰਹਿਣ ਅਤੇ ਮੈਡੀਕਲ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼।
- ਮੋਹਾਲੀ ਦੀ ਵਿਸ਼ੇਸ਼ ਅਦਾਲਤ ਨੇ ਜਲੰਧਰ ਸਥਿਤ ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਗ੍ਰਿਫਤਾਰ ਇੰਡੀਅਨ ਕੋਆਪਰੇਟਿਵ ਹਾਊਸ ਬਿਲਡਿੰਗ ਸੋਸਾਇਟੀ ਦੇ ਸਕੱਤਰ ਅਜੈ ਸਹਿਗਲ ਨੂੰ ਮਨੀ ਲਾਂਡਰਿੰਗ ਮਾਮਲੇ ਵਿੱਚ 27 ਮਈ ਤੱਕ ED ਰਿਮਾਂਡ ’ਤੇ ਭੇਜਿਆ।
- IPL ਕ੍ਰਿਕਟ ਵਿੱਚ ਅੱਜ ਸ਼ਾਮ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਲਖਨਊ ਵਿੱਚ, ਸ਼ਾਮੀ ਸਾਢੇ 7 ਵਜੇ ਪੰਜਾਬ ਕਿੰਗਜ਼ ਨਾਲ ਹੋਵੇਗਾ।

## ਹੁਣ ਖ਼ਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵ-ਨਿਯੁਕਤ ਨੌਜਵਾਨਾਂ ਨੂੰ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡੇ। ਰੋਜ਼ਗਾਰ ਮੇਲਾ ਦੇਸ਼ ਭਰ ਵਿੱਚ 47 ਥਾਵਾਂ 'ਤੇ ਆਯੋਜਿਤ ਕੀਤਾ ਗਿਆ। ਦੇਸ਼ ਭਰ ਤੋਂ ਚੁਣੇ ਗਏ ਨਵੇਂ ਭਰਤੀ ਹੋਏ ਉਮੀਦਵਾਰ ਰੇਲਵੇ, ਗ੍ਰਹਿ ਮੰਤਰਾਲੇ, ਸਿਹਤ ਅਤੇ ਪਰਿਵਾਰ ਭਲਾਈ ਅਤੇ ਉੱਚ ਸਿੱਖਿਆ ਵਿਭਾਗ ਸਮੇਤ ਵੱਖ-ਵੱਖ ਮੰਤਰਾਲਿਆਂ ਅਤੇ

ਵਿਭਾਗਾਂ ਵਿੱਚ ਸ਼ਾਮਲ ਹੋਣਗੇ। ਰੋਜ਼ਗਾਰ ਮੇਲੇ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਦੁਨੀਆ, ਭਾਰਤ ਦੀ ਵਿਕਾਸ ਯਾਤਰਾ ਦਾ ਹਿੱਸਾ ਬਣਨ ਲਈ ਉਤਸੁਕ ਏ । ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਦੁਨੀਆ ਦੇ ਵੱਖ-ਵੱਖ ਦੇਸ਼ਾਂ ਨਾਲ ਵੀ ਭਾਈਵਾਲੀ ਕਰ ਰਿਹਾ ਏ , ਜਿਸਦਾ ਉਦੇਸ਼, ਦੇਸ਼ ਦੇ ਨੌਜਵਾਨਾਂ ਨੂੰ ਮੌਕੇ, ਰੁਜ਼ਗਾਰ ਅਤੇ ਆਲਮੀ ਮੌਕੇ  ਪ੍ਰਦਾਨ ਕਰਨਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੁਨੀਆ ਦਾ ਭਰੋਸੇਯੋਗ ਸਪਲਾਈ ਚੇਨ ਭਾਈਵਾਲ ਬਣ ਰਿਹਾ ਏ । ਸ਼੍ਰੀ ਮੋਦੀ ਨੇ  ਕਿਹਾ ਕਿ ਹਰ ਭਾਰਤੀ ਨਾਗਰਿਕ ਸਾਲ 2047 ਤੱਕ, ਭਾਰਤ ਨੂੰ ਵਿਕਸਿਤ  ਭਾਰਤ ਬਣਾਉਣ ਦੀ ਵਚਨਬੱਧਤਾ ਨਾਲ ਕੰਮ ਕਰ ਰਿਹਾ ਏ  ।

BYTE

-------------------------------------------------------

ਏਧਰ ਪੰਜਾਬ ਵਿੱਚ, 19ਵਾਂ ਰੋਜ਼ਗਾਰ ਮੇਲਾ ਅੱਜ ਰੇਲ ਕੋਚ ਫੈਕਟਰੀ (RCF), ਕਪੂਰਥਲਾ ਅਤੇ ਪਟਿਆਲਾ ਲੋਕੋਮੋਟਿਵ ਵਰਕਸ, ਪਟਿਆਲਾ ਸਮੇਤ ਦੋ ਥਾਵਾਂ 'ਤੇ ਕਰਵਾਇਆ ਗਿਆ, ਜਿੱਥੇ 281 ਨਵ-ਨਿਯੁਕਤ ਲਾਭਪਾਤਰੀਆਂ ਨੂੰ ਨਿਯੁਕਤੀ ਪੱਤਰ ਵੰਡੇ ਗਏ। RCF, ਕਪੂਰਥਲਾ ਵਿਖੇ, ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ, ਹਰਦੀਪ ਪੁਰੀ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕਰਦੇ ਹੋਏ ਕਿਹਾ ਕਿ ਰੋਜ਼ਗਾਰ ਮੇਲਾ ਇੱਕ

ਸ਼ਕਤੀਸ਼ਾਲੀ ਰਾਸ਼ਟਰੀ ਸੰਸਥਾ ਬਣ ਗਿਆ ਏ  ਜੋ ਪਾਰਦਰਸ਼ਤਾ ਅਤੇ ਯੋਗਤਾ ਅਧਾਰਤ ਸਮਾਂਬੱਧ ਭਰਤੀ ਨੂੰ ਯਕੀਨੀ ਬਣਾਉਂਦਾ ਏ।

BYTE

ਬਾਅਦ ਵਿੱਚ, ਉਨ੍ਹਾਂ ਨੇ 93 ਨਵ ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ਗਏ । ਇਸ ਮੌਕੇ ਨਿਯੁਕਤੀ ਪੱਤਰ ਹਾਸਲ ਕਰਨਾ ਵਾਲੇ ਨੌਜਵਾਨਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ।

BYTE

ਓਧਰ ਪਟਿਆਲਾ ਵਿੱਚ ਪਟਿਆਲਾ ਲੋਕੋਮੋਟਿਵ ਵਰਕਸ ਦੇ ਮੁੱਖ ਪ੍ਰਸ਼ਾਸਕੀ ਅਧਿਕਾਰੀ ਸੁਸ਼ੀਲ ਕੁਮਾਰ ਸ਼੍ਰੀਵਾਸਤਵ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਵੱਖ-ਵੱਖ ਵਿਭਾਗਾਂ ਵਿੱਚ ਨਵੇਂ ਭਰਤੀ ਕੀਤੇ ਗਏ 188 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ । ਨਿਯੁਕਤੀ ਪੱਤਰ ਹਾਸਲ ਕਰਨ ਵਾਲੇ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਆਖਿਆ

BYTE

ਇਸ ਦੌਰਾਨ ਨਵ ਨਿਯੁਕਤ ਉਮੀਦਵਾਰਾਂ ਨੇ ਕਿਹਾ।

BYTE

-----------------------------------------------------

ਬਠਿੰਡਾ ਸਥਿਤ ਪੰਜਾਬ ਕੇਂਦਰੀ ਯੂਨੀਵਰਸਿਟੀ ਨੇ ਅੱਜ 11ਵੇਂ ਕਨਵੋਕੇਸ਼ਨ ਸਮਾਰੋਹ ਦਾ ਆਯੋਜਨ ਕੀਤਾ। ਇਸ ਮੌਕੇ ਚੀਫ਼ ਜਸਟਿਸ ਸੂਰਿਆ ਕਾਂਤ ਨੇ ਮੁੱਖ ਮਹਿਮਾਨ ਵਜੋਂ ਆਨਲਾਈਨ ਮਾਧਿਅਮ ਰਾਹੀਂ ਸਮਾਰੋਹ 'ਚ ਸ਼ਿਰਕਤ ਕੀਤੀ। ਇਸ ਮੌਕੇ ਦੇਸ਼ ਦੇ ਚੀਫ਼ ਜਸਟਿਸ ਨੇ ਯੂਨੀਵਰਸਿਟੀ ਦੇ ਕੇਂਦਰੀ ਲਾਇਬ੍ਰੇਰੀ ਭਵਨ ਦਾ ਆਨਲਾਈਨ ਉਦਘਾਟਨ ਕੀਤਾ। ਇਸ ਭਵਨ ਦਾ ਨਿਰਮਾਣ ਲਗਭਗ 14 ਕਰੋੜ 40 ਲੱਖ ਦੀ ਲਾਗਤ ਨਾਲ ਕੀਤਾ ਗਿਆ ਏ । ਚੀਫ਼ ਜਸਟਿਸ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਡਿਗਰੀ ਵੰਡ ਸਮਾਰੋਹ ਨੂੰ ਆਧੁਨਿਕ ਭਾਰਤ ਦੀਆਂ ਆਸਾਂ-ਉਮੀਦਾ ਦਾ ਉਤਸਵ ਕਰਾਰ ਦਿੱਤਾ। ਪੰਜਾਬ ਕੇਂਦਰੀ ਯੂਨੀਵਰਸਿਟੀ ਦੀ ਤਰੱਕੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਅਕਾਦਮਿਕ ਉੱਤਮਤਾ, ਵਿਭਿੰਨਤਾ, ਸਹਿਯੋਗ ਅਤੇ ਵਿਗਿਆਨਕ ਸੋਚ ਨੂੰ ਲਗਾਤਾਰ ਉਤਸ਼ਾਹਿਤ ਕਰ ਰਹੀ ਏ । ਉਨ੍ਹਾਂ ਕਿਹਾ ਕਿ ਅਜਿਹੀਆਂ ਯੂਨੀਵਰਸਿਟੀਆਂ ਸਿਰਫ਼ ਸਿੱਖਿਆ ਦੇਣ ਵਾਲੀਆਂ ਸੰਸਥਾਵਾਂ ਨਹੀਂ, ਸਗੋਂ ਦੇਸ਼ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਯੂਨੀਵਰਸਿਟੀ ਵੱਲੋਂ ਇਕ ਹਜ਼ਾਰ 73 ਪੋਸਟ ਗ੍ਰੈਜੂਏਟ ਅਤੇ ਪੀਐਚ.ਡੀ. ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ ਅਤੇ 44 ਹੋਣਹਾਰ ਵਿਦਿਆਰਥੀਆਂ ਨੂੰ ਸੋਨੇ ਦੇ ਤਮਗਿਆਂ ਨਾਲ ਸਨਮਾਨਿਤ

ਕੀਤਾ ਗਿਆ।        ਇਸਤੋਂ ਇਲਾਵਾ ਮੁੱਖ ਮਹਿਮਾਨ ਚੀਫ਼ ਜਸਟਿਸ ਸੂਰਿਆ ਕਾਂਤ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਮੁੱਖ ਜੱਜ ਸ਼ੀਲ ਨਾਗੂ ਅਤੇ ਜਸਟਿਸ ਸੰਦੀਪ ਮੌਦਗਿਲ,  ਸਮੇਤ ਹੋਰ ਪਤਵੰਤੇ ਵੀ ਸ਼ਾਮਿਲ ਹੋਏ ।   ਭਾਰਤੀ ਤਕਨਾਲੋਜੀ ਸੰਸਥਾਨ , ਰੋਪੜ ਦੇ ਡਾਇਰੈਕਟਰ ਪ੍ਰੋ. ਰਾਜੀਵ ਆਹੂਜਾ ਅਤੇ ਏਮਜ਼  ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਪ੍ਰੋ. ਰਤਨ ਗੁਪਤਾ ਨੇ ਵੀ ਸਮਾਰੋਹ ਵਿੱਚ ਵਿਅਕਤੀਗਤ ਤੌਰ ’ਤੇ ਸ਼ਿਰਕਤ ਕੀਤੀ । ਯੂਨੀਵਰਸਿਟੀ ਕੈਂਪਸ ਵਿੱਚ ਆਯੋਜਿਤ ਇਸ ਸਮਾਰੋਹ ਵਿੱਚ ਪੰਜਾਬ ਦੇ ਪ੍ਰਸਿੱਧ ਉੱਚ ਸਿੱਖਿਆ ਸੰਸਥਾਨਾਂ ਦੇ ਅਕਾਦਮਿਕ ਵਿਦਵਾਨਾਂ,  ਯੂਨੀਵਰਸਿਟੀ ਦੀਆਂ ਪ੍ਰਸ਼ਾਸਕੀ ਸੰਸਥਾਵਾਂ ਦੇ ਮੈਂਬਰਾਂ, ਡੀਨ, ਮੁਖੀਆਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਹਿਸਾ ਲਿਆ। ਡਾਇਰੈਕਟਰ ਪ੍ਰੋ. ਰਾਜੀਵ ਆਹੂਜਾ ਨੇ ਯੂਨੀਵਰਸਿਟੀ ਦੀ ਲਗਾਤਾਰ ਤਰੱਕੀ ਦੀ ਸ਼ਲਾਘਾ ਕਰਦਿਆਂ ਯੂਨੀਵਰਸਿਟੀ ਦੀ ਮਜ਼ਬੂਤ ਖੋਜ ਰਿਵਾਇਤ ਦੀ ਪ੍ਰਸੰਸਾ ਕੀਤੀ ।   ਪ੍ਰੋ. ਰਤਨ ਗੁਪਤਾ ਨੇ  ਵਿਦਿਆਰਥੀਆਂ ਨੂੰ ਜੀਵਨ ਭਰ ਸਿੱਖਦੇ ਰਹਿਣ ਅਤੇ ਆਪਣੇ ਗਿਆਨ ਦਾ ਇਸਤੇਮਾਲ ਸਮਾਜ ਅਤੇ ਰਾਸ਼ਟਰ ਨਿਰਮਾਣ ਲਈ ਕਰਨ ਲਈ ਪ੍ਰੇਰਿਤ ਕੀਤਾ। ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੇ  ਚੀਫ਼ ਜਸਟਿਸ ਦੀ ਮੌਜੂਦਗੀ ਨੂੰ

ਮਾਣ ਵਾਲਾ ਪਲ ਦੱਸਦਿਆਂ ਉਨ੍ਹਾਂ ਨੂੰ ਭਾਰਤ ਦੇ ਮਿਹਨਤੀ ਮੱਧ ਵਰਗ ਦੀਆਂ ਇੱਛਾਵਾਂ ਦਾ ਪ੍ਰਤੀਕ ਕਰਾਰ ਦਿੱਤਾ।

---------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਸਾਹਿਤ ਅਕਾਦਮੀ ਵਲੋਂ ਕਰਵਾਏ ਸਾਲਾਨਾ ਪੁਰਸਕਾਰ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਿਰਕਤ ਕੀਤੀ ਅਤੇ ਸਾਹਿਤ ਦੇ ਵੱਖ ਵੱਖ ਖੇਤਰਾਂ ਦੇ ਉੱਘੇ ਲੇਖਕਾਂ, ਕਵੀਆਂ ਅਤੇ ਸਾਹਿਤਕ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ। ਸਮਾਰੋਹ ਦੇ ਦੌਰਾਨ ਚੰਡੀਗੜ੍ਹ ਸਾਹਿਤ  ਅਕਾਦਮੀ ਨੇ ਵੱਖ ਵੱਖ  ਸ਼੍ਰੇਣੀਆਂ ਵਿੱਚ ਸਾਹਿਤਕਾਰਾਂ ਨੂੰ  ਸਨਮਾਨਿਤ ਕੀਤਾ। ਵਰ੍ਹੇ 2023 ਅਤੇ 2024 ਲਈ ਕੁੱਲ 8 ਸੀਨੀਅਰ ਸਾਹਿਤਕਾਰਾਂ ਨੂੰ ਹਿੰਦੀ, ਪੰਜਾਬੀ, ਸੰਸਕ੍ਰਿਤ ਅਤੇ ਅੰਗ੍ਰੇਜ਼ੀ ਵਿੱਚ  "ਅਵਾਰਡ ਆਵ੍ ਰਿਕਗਨਿਸ਼ਨ" ਨਾਲ ਸਨਮਾਨਿਤ ਕੀਤਾ ਗਿਆ, ਜਦਕਿ ਵਿਭਿੰਨ ਸਾਹਿਤਕ ਸ਼ੈਲੀਆਂ ਅਤੇ ਭਾਸ਼ਾਵਾਂ ਵਿੱਚ 10 ਲੇਖਕਾਂ ਨੂੰ "ਬਿਹਤਰੀਨ ਪੁਸਤਕ ਪੁਰਸਕਾਰ 2024" ਪ੍ਰਦਾਨ ਕੀਤਾ ਗਿਆ। ਇਸ ਤੋਂ ਇਲਾਵਾ, "ਪਾਂਡੂਲਿਪੀ 2025" ਸ਼੍ਰੇਣੀ ਦੇ ਤਹਿਤ 6 ਲੇਖਕਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ 1 ਲੇਖਕ ਨੂੰ ਯੁਵਾ ਪੁਰਸਕਾਰ ਪ੍ਰਦਾਨ ਕੀਤਾ ਗਿਆ। ਅਕਾਦਮੀ ਨੇ ਪਹਿਲੀ ਵਾਰ "ਬਾਲ ਪੁਰਸਕਾਰ" ਦੀ ਵੀ ਸ਼ੁਰੂਆਤ ਕੀਤੀ, ਜਿਸ ਦੇ ਤਹਿਤ ਹਿੰਦੀ, ਪੰਜਾਬੀ

ਅਤੇ ਅੰਗ੍ਰੇਜ਼ੀ ਭਾਸ਼ਾਵਾਂ ਵਿੱਚ ਤਿੰਨ ਉਮਰ ਵਰਗਾਂ ਦੇ 15 ਬੱਚਿਆਂ ਨੂੰ ਉਨ੍ਹਾਂ ਦੀਆਂ ਸਾਹਿਤਕ ਉਪਲਬਧੀਆਂ ਲਈ ਸਨਮਾਨਿਤ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਸਾਹਿਤ ਨੂੰ ਕੇਵਲ ਸਮਾਜ ਦਾ ਦਰਪਣ ਹੀ ਨਹੀਂ, ਬਲਕਿ ਮਾਨਵਤਾ ਨੂੰ ਸਹੀ ਦਿਸ਼ਾ ਦਿਖਾਉਣ ਵਾਲਾ ਚਾਨਣ ਮੁਨਾਰਾ ਦੱਸਿਆ। ਉਨ੍ਹਾਂ ਨੇ ਕਿਹਾ ਕਿ ਸਾਹਿਤ ਅਤੇ ਕਵਿਤਾ ਨੇ ਸਦੀਆਂ ਤੋਂ ਵਿਅਕਤੀਆਂ ਅਤੇ ਸਮਾਜ ਨੂੰ ਪ੍ਰੇਰਿਤ ਕੀਤਾ ਏ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਪ੍ਰੇਰਿਤ ਕਰਦੇ ਰਹਿਣਗੇ, ਉਨ੍ਹਾਂ ਨੇ ਲੇਖਕਾਂ ਅਤੇ ਯੁਵਾ ਰਚਨਾਕਾਰਾਂ ਨੂੰ ਭਾਰਤੀ ਸੱਭਿਆਚਾਰ, ਸਮਾਜਿਕ ਸਦਭਾਵਨਾ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਆਪਣੀਆਂ ਸਾਹਿਤਕ ਰਚਨਾਵਾਂ ਦੇ ਕੇਂਦਰ ਵਿੱਚ ਰੱਖਣ ਦੀ ਅਪੀਲ ਕੀਤੀ।

---------------------------------------------------

ਸੂਬੇ ਭਰ ਵਿੱਚ ਅਤਿ ਦੀ ਗਰਮੀ ਕਾਰਨ ਵਧ ਰਹੀਆਂ ਮੁਸ਼ਕਿਲ ਸਥਿਤੀਆਂ ਦੇ ਮੱਦੇਨਜ਼ਰ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਭਾਰੀ ਗਰਮੀ ਦੇ ਪ੍ਰਭਾਵਾਂ ਨੂੰ ਰੋਕਣ, ਘੱਟ ਕਰਨ ਅਤੇ ਸੁਚੱਜੇ ਪ੍ਰਬੰਧਨ ਲਈ ਸਹੂਲਤਾਂ ਪ੍ਰਦਾਨ ਕਰਨ ਅਤੇ ਇਸ ਸਬੰਧੀ ਕਰਮਚਾਰੀਆਂ ਨੂੰ ਤਿਆਰ ਕਰਨ ਲਈ ਸਰਗਰਮ ਕਦਮ ਚੁੱਕੇ ਗਏ ਨੇ । ਮੰਤਰੀ ਨੇ ਕਿਹਾ ਕਿ ਅਤਿ ਦੀ ਗਰਮੀ ਕਾਰਨ ਹੀਟ ਸਟ੍ਰੈਸ, ਹੀਟ ਇਗਜ਼ੌਸ਼ਨ ਅਤੇ ਲੂ ਲਗਨ

ਦਾ ਜੋਖਮ ਕਾਫ਼ੀ ਵੱਧ ਜਾਂਦਾਏ ਅਤੇ ਦਿਲ ਅਤੇ ਸਾਹ ਸਬੰਧੀ ਦਿੱਕਤਾਂ ਵਿੱਚ ਵੀ ਵਾਧਾ ਹੁੰਦਾ ਏ । ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਾਡੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਸਿਵਲ ਸਰਜਨਾਂ ਨੂੰ ਸਾਰੇ ਜ਼ਿਲਾ ਹਸਪਤਾਲਾਂ, ਸਬ-ਡਵੀਜ਼ਨ ਹਸਪਤਾਲਾਂ ਅਤੇ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਸਮਰਪਿਤ ਹੀਟ ਸਟ੍ਰੋਕ ਪ੍ਰਬੰਧਨ ਇਕਾਈਆਂ  ਨੂੰ ਕਾਰਜਸ਼ੀਲ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ । ਉਨ੍ਹਾਂ ਕਿਹਾ ਕਿ ਇਹ ਵਾਰਡ ਸਰਗਰਮ ਕੂਲਿੰਗ ਉਪਾਵਾਂ ਨਾਲ ਲੈਸ ਨੇ  । ਹਰੇਕ ਹਸਪਤਾਲ ਵਿੱਚ ਜ਼ਰੂਰੀ ਡਾਕਟਰੀ ਸਪਲਾਈ, ਜਿਵੇਂ ਓ.ਆਰ.ਐਸ. ਅਤੇ ਐਮਰਜੈਂਸੀ ਦਵਾਈਆਂ ਦਾ ਲੋੜੀਂਦਾ ਭੰਡਾਰ ਯਕੀਨੀ ਬਣਾਇਆ ਗਿਆ ਏ । ਮੰਤਰੀ ਨੇ  ਕਿਹਾ ਕਿ ਮਰੀਜ਼ਾਂ ਨੂੰ ਹਸਪਤਾਲ ਲਿਆਉਂਦੇ ਸਮੇਂ ਰਾਸਤੇ ਵਿੱਚ ਕੂਲਿੰਗ ਪ੍ਰਦਾਨ ਕਰਨ ਲਈ ਐਂਬੂਲੈਂਸਾਂ ਵਿੱਚ ਲੋੜੀਂਦੀ ਸਹੂਲਤ ਦਿੱਤੀ ਗਈ ਏ । ਸੂਬੇ ਵੱਲੋਂ ਗਰਮੀ ਸਬੰਧੀ ਬਿਮਾਰੀ ਦੇ ਮਾਮਲਿਆਂ ਦੀ ਅਸਲ-ਸਮੇਂ ਦੀ ਨਿਗਰਾਨੀ ਲਈ IHIP ਪੋਰਟਲ ਦੀ ਵਰਤੋਂ ਕੀਤੀ ਜਾ ਰਹੀ ਏ । ਡਾ. ਬਲਬੀਰ ਸਿੰਘ ਨੇ ਕਿਹਾ ,ਲੋਕਾਂ, ਖਾਸ ਕਰਕੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਚੌਕਸ ਰਹਿਣ ਅਤੇ ਵਿਭਾਗ ਦੇ ਸੁਰੱਖਿਆ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ।

---------------------------------------------------

ਸਿਹਤ ਵਿਭਾਗ ਵਲੋਂ ਇਸ ਗਰਮੀ ਤੋਂ ਆਪਣਾ ਬਚਾਅ ਕਰਨ ਲਈ ਸਲਾਹ ਜਾਰੀ ਕੀਤੀ ਗਈ ਏ। ਇਸ ਵਿਚ ਲੋਕਾਂ ਨੂੰ ਵੱਧ ਤੋਂ ਵੱਧ ਪਾਣੀ ਅਤੇ ਤਰਲ ਓ.ਆਰ.ਐਸ., ਲੱਸੀ ਅਤੇ ਨਿੰਬੂ ਪਾਣੀ ਦੀ ਵਰਤੋਂ ਕਰਨ , ਹਲਕੇ ਰੰਗ ਦੇ, ਢਿੱਲੇ ਸੂਤੀ ਕੱਪੜੇ ਪਾਓਣ, ਸਵੇਰੇ ਜਾਂ ਸ਼ਾਮ ਨੂੰ ਠੰਢੇ ਸਮੇਂ ਦੌਰਾਨ ਹੀ ਬਾਹਰ ਦੇ ਕੰਮ ਕਰਨ ਲਈ ਕਿਹਾ ਗਿਆ ਏ। ਇਸਦੇ ਨਾਲ ਹੀ ਜੇਕਰ ਕਿਸੇ ਨੂੰ ਮਾਨਸਿਕ ਸੰਤੁਲਨ ਵਿੱਚ ਬਦਲਾਅ, ਬੇਚੈਨੀ ਜਾਂ ਦੌਰੇ - ਗਰਮ, ਲਾਲ ਅਤੇ ਖੁਸ਼ਕ ਚਮੜੀ ਸਿਰ ਦਰਦ, ਉਲਟੀ ਆਉਣ ਜਾਂ ਦਿਲ ਦੀ ਤੇਜ਼ ਧੜਕਣ ਜਿਹੇ ਲੱਛਣ ਮਹਿਸੂਸ ਹੋਣ ਤਾਂ ਤੁਰੰਤ ਡਾਕਟਰੀ ਸਹਾਇਤਾ ਵਾਸਤੇ ਐਮਰਜੈਂਸੀ ਹੈਲਪਲਾਈਨ 104, 108, ਜਾਂ 112 ਸੰਪਰਕ ਕੀਤਾ ਜਾ ਸਕਦਾ ਏ।

---------------------------------------------------------

ਮੋਹਾਲੀ ਦੀ ਵਿਸ਼ੇਸ਼ ਅਦਾਲਤ ਨੇ ਜਲੰਧਰ ਸਥਿਤ ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਗ੍ਰਿਫਤਾਰ ਕੀਤੇ ਇੰਡੀਅਨ ਕੋਆਪਰੇਟਿਵ ਹਾਊਸ ਬਿਲਡਿੰਗ ਸੋਸਾਇਟੀ ਦੇ ਸਕੱਤਰ ਅਜੈ ਸਹਿਗਲ ਨੂੰ ਮਨੀ ਲਾਂਡਰਿੰਗ ਮਾਮਲੇ ਵਿੱਚ 27 ਮਈ ਤੱਕ ED ਰਿਮਾਂਡ ’ਤੇ ਭੇਜ ਦਿੱਤਾ ਏ। ਜ਼ਿਕਰਯੋਗ ਏ ਕਿ ਜਲੰਧਰ ਸਥਿਤ ਇਨਫੋਰਸਮੈਂਟ ਡਾਇਰੈਕਟੋਰੇਟ, ED ਨੇ ਅਜੈ ਸਹਿਗਲ ਨੂੰ ਫਰਜ਼ੀ ਸਹਿਮਤੀ ਪੱਤਰ ਜਮ੍ਹਾਂ ਕਰਵਾ ਕੇ, ਧੋਖਾਧੜੀ ਨਾਲ ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ ਪ੍ਰਾਪਤ ਕਰਨ

ਨਾਲ, ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ । ਇਹ ਜਾਂਚ, ਪੰਜਾਬ ਪੁਲਿਸ ਵੱਲੋਂ ਕਿਸਾਨਾਂ ਦੀਆਂ ਸ਼ਿਕਾਇਤਾਂ ਦੇ ਆਧਾਰ 'ਤੇ FIR ਦਰਜ ਕੀਤੇ ਜਾਣ ਤੋਂ ਬਾਅਦ ਕੀਤੀ ਗਈ ਸੀ। ਵਿਭਾਗ ਦੀ ਜਾਂਚ ਵਿੱਚ ਪਤਾ ਲੱਗਾ ਏ ਕਿ, ਮੁਲਜ਼ਮ ਨੇ 15 ਜ਼ਮੀਨ ਮਾਲਕਾਂ ਦੀ 30.5 ਏਕੜ ਜ਼ਮੀਨ ਦੇ ਸਬੰਧ ਵਿੱਚ, ਫਰਜ਼ੀ ਸਹਿਮਤੀ ਪੱਤਰ ਤਿਆਰ ਕੀਤੇ ਸਨ। ਇਨ੍ਹਾਂ ਫਰਜ਼ੀ ਸਹਿਮਤੀ ਪੱਤਰਾਂ ਦੇ ਆਧਾਰ 'ਤੇ ਵਿਅਕਤੀਆਂ ਨੂੰ 'ਸਨਟੈਕ ਸਿਟੀ' ਨਾਂ ਦਾ ਇੱਕ ਮੈਗਾ ਰੀਅਲ ਅਸਟੇਟ ਪ੍ਰੋਜੈਕਟ ਵਿਕਸਤ ਕਰਨ ਲਈ, ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ ਦੀ ਇਜਾਜ਼ਤ ਦਿੱਤੀ ਗਈ ਸੀ। ਇਹ ਸਹਿਮਤੀ ਪੱਤਰ, ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ ਪ੍ਰਾਪਤ ਕਰਨ ਲਈ, ਜ਼ਮੀਨ ਮਾਲਕਾਂ ਦੇ ਫਰਜ਼ੀ ਦਸਤਖਤਾਂ ਅਤੇ ਅੰਗੂਠਿਆਂ ਦੇ ਨਿਸ਼ਾਨਾਂ ਨਾਲ ਤਿਆਰ ਕੀਤੇ ਗਏ ਸਨ। ਡਾਇਰੈਕਟੋਰੇਟ ਨੇ ਕਿਹਾ ਕਿ, Town and Country Planning ਅਤੇ Greater Mohali Area Development Authority -ਗਮਾਡਾ ਦੇ ਹੋਰ ਸੀਨੀਅਰ ਅਤੇ ਸਰਕਾਰੀ ਅਧਿਕਾਰੀਆਂ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਏ।

---------------------------------------------------

IPL ਕ੍ਰਿਕਟ ਵਿੱਚ ਅੱਜ ਸ਼ਾਮ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਪੰਜਾਬ ਕਿੰਗਜ਼ ਨਾਲ ਹੋਵੇਗਾ। ਇਹ ਮੈਚ ਲਖਨਊ ਦੇ ਭਾਰਤ ਰਤਨ ਸ੍ਰੀ

ਅਟਲ ਬਿਹਾਰੀ ਵਾਜਪਾਈ ਏਕਾਨਾ ਸਟੇਡੀਅਮ ਵਿੱਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ।

-------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵ-ਨਿਯੁਕਤ ਨੌਜਵਾਨਾਂ ਨੂੰ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡੇ ।
- ਪੰਜਾਬ ਵਿੱਚ, ਰੋਜ਼ਗਾਰ ਮੇਲੇ ਦੌਰਾਨ ਰੇਲ ਕੋਚ ਫੈਕਟਰੀ, ਕਪੂਰਥਲਾ 'ਚ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਅਤੇ ਪਟਿਆਲਾ ਲੋਕੋਮੋਟਿਵ ਵਰਕਸ, 'ਚ ਮੁੱਖ ਪ੍ਰਸ਼ਾਸਕੀ ਅਧਿਕਾਰੀ ਨੇ ਨਵ-ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ।
- ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਵਲੋਂ 11ਵੇਂ ਕਨਵੋਕੇਸ਼ਨ ਸਮਾਰੋਹ ਦਾ ਆਯੋਜਨ-ਚੀਫ਼ ਜਸਟਿਸ ਸੂਰਿਆ ਕਾਂਤ ਨੇ ਵਿਦਿਆਰਥੀਆਂ ਨੂੰ ਪ੍ਰਗਤੀਸ਼ੀਲ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਕੀਤਾ ਪ੍ਰੇਰਿਤ ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸਿਵਲ ਸਰਜਨਾਂ ਨੂੰ ਗਰਮੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਲਈ ਤਿਆਰ ਰਹਿਣ ਅਤੇ ਮੈਡੀਕਲ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼ ।

- ਮੋਹਾਲੀ ਦੀ ਵਿਸ਼ੇਸ਼ ਅਦਾਲਤ ਨੇ ਜਲੰਧਰ ਸਥਿਤ ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਗ੍ਰਿਫਤਾਰ ਇੰਡੀਅਨ ਕੋਆਪਰੇਟਿਵ ਹਾਊਸ ਬਿਲਡਿੰਗ ਸੋਸਾਇਟੀ ਦੇ ਸਕੱਤਰ ਅਜੈ ਸਹਿਗਲ ਨੂੰ ਮਨੀ ਲਾਂਡਰਿੰਗ ਮਾਮਲੇ ਵਿੱਚ 27 ਮਈ ਤੱਕ ED ਰਿਮਾਂਡ ’ਤੇ ਭੇਜਿਆ ।
- IPL ਕ੍ਰਿਕਟ ਵਿੱਚ ਅੱਜ ਸ਼ਾਮ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਲਖਨਊ ਵਿੱਚ, ਸ਼ਾਮੀ ਸਾਢੇ 7 ਵਜੇ ਪੰਜਾਬ ਕਿੰਗਜ਼ ਨਾਲ ਹੋਵੇਗਾ ।

-------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !